ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਐਸ.ਬੀ.ਆਈ. ਦੀ ਸਰਹਿੰਦ ਬਰਾਂਚ ਨੇ ਮੁੱਖ ਮੰਤਰੀ ਕੋਰੋਨਾ ਰਾਹਤ ਫੰਡ ਵਿੱਚ ਦਿੱਤੇ 41 ਹਜ਼ਾਰ ਰੁਪਏ

100 ਸੈਨੀਟਾਈਜ਼ਰ ਤੇ 350 ਮਾਸਕ ਵੀ ਦਿੱਤੇ

ਕੋਰੋਨਾ ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਹਰੇਕ ਵਰਗ ਦੇ ਲੋਕਾਂ ਦਾ ਸਹਿਯੋਗ ਜ਼ਰੂਰੀ

ਫ਼ਤਹਿਗੜ੍ਹ ਸਾਹਿਬ, 14 ਅਪ੍ਰੈਲ :
ਕੋਵਿਡ-19 ਵਿਰੁੱਧ ਲੜੀ ਜਾ ਰਹੀ ਲੜਾਈ ਵਿੱਚ ਜਿਥੇ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ, ਉਥੇ ਹੀ ਵੱਖ-ਵੱਖ ਵਰਗਾਂ ਦੇ ਲੋਕਾਂ ਵੱਲੋਂ ਵੀ ਇਸ ਵਿੱਚ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ। ਕੋਰੋਨਾ ਖਿਲਾਫ ਲੜੀ ਜਾ ਰਹੀ ਲੜਾਈ ਵਿੱਚ ਯੋਗਦਾਨ ਪਾਉਂਦਿਆਂ ਸਟੇਟ ਬੈਂਕ ਆਫ ਇੰਡੀਆ ਦੀ ਸਰਹਿੰਦ ਬਰਾਂਚ ਵੱਲੋਂ ਮੁੱਖ ਮੰਤਰੀ ਕੋਰੋਨਾ ਰਾਹਤ ਫੰਡ ਵਿੱਚ 41 ਹਜ਼ਾਰ ਰੁਪਏ ਦਿੱਤੇ ਗਏ ਅਤੇ ਨਾਲ ਹੀ 100 ਸੈਨੀਟਾਈਜ਼ਰ ਤੇ 350 ਮਾਸਕ ਵੀ ਦਿੱਤੇ ਹਨ। ਇਹ ਸਭ ਕੁਝ ਸਟੇਟ ਬੈਂਕ ਆਫ ਇੰਡੀਆ ਦੇ ਚੀਫ ਮੈਨੇਜਰ ਸ਼੍ਰੀ ਜੇ.ਪੀ. ਗੁਪਤਾ ਨੇ ਸਹਾਇਕ ਕਮਿਸ਼ਨਰ (ਜ) ਸ਼੍ਰੀ ਜਸਪ੍ਰੀਤ ਸਿੰਘ ਨੂੰ ਸੌਂਪਿਆ।

ਸ਼੍ਰੀ ਜਸਪ੍ਰੀਤ ਸਿੰਘ ਨੇ ਸਟੇਟ ਬੈਂਕ ਆਫ ਇੰਡੀਆ ਦੀ ਸਰਹਿੰਦ ਬਰਾਂਚ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਪਾਏ ਇਸ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਵੱਧ ਤੋਂ ਵੱਧ ਲੋਕਾਂ ਨੂੰ ਇਸ ਤਰ੍ਹਾਂ ਦਾ ਸਹਿਯੋਗ ਦੇਣਾ ਚਾਹੀਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਬਸੀ ਪਠਾਣਾਂ ਵਿਖੇ ਸਿਹਤ ਵਿਭਾਗ ਦੀ ਟੀਮ ਦਾ ਫੁੱਲ ਵਰ੍ਹਾ ਕੇ ਸਵਾਗਤ

ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਦੀ ਟੀਮ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ

ਬਸੀ ਪਠਾਣਾਂ/ਫ਼ਤਹਿਗੜ੍ਹ ਸਾਹਿਬ, 14 ਅਪ੍ਰੈਲ :
ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੂਰੇ ਜ਼ਿਲ੍ਹੇ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਕੋਰੋਨਾ ਵਾਇਰਸ ਦੀ ਮਹਾਂਮਾਰੀ ਤੋਂ ਬਚਾਅ ਲਈ ਵੱਡੇ ਪੱਧਰ ਉਤੇ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੀ ਲੋਕਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ। ਬਸੀ ਪਠਾਣਾਂ ਵਿਖੇ ਐਸ.ਐਮ.ਓ. ਡਾ. ਨਿਰਮਲ ਕੌਰ ਦੀ ਅਗਵਾਈ ਵਿੱਚ ਕੋਵਿਡ-19 ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਸਿਹਤ ਵਿਭਾਗ ਦੀ ਟੀਮ ਘਰ-ਘਰ ਤੱਕ ਪਹੁੰਚ ਕਰ ਰਹੀ ਹੈ ਤੇ ਇਸੇ ਦੌਰਾਨ ਲੋਕਾਂ ਨੇ ਫੁੱਲ ਵਰ੍ਹਾ ਕੇ ਟੀਮ ਦੀ ਹੌਸਲਾ ਅਫਜ਼ਾਈ ਕੀਤੀ।

ਇਸ ਮੌਕੇ ਐਸ.ਐਮ.ਓ. ਡਾ. ਨਿਰਮਲ ਕੌਰ ਨੇ ਸ਼ਹਿਰ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੋਰੋਨਾ ਵਾਇਰਸ ਵਰਗੀ ਭਿਆਨਕ ਮਹਾਂਮਾਰੀ ਦੀ ਇਸ ਜੰਗ ਨੂੰ ਸਮਾਜਿਕ ਦੂਰੀ ਬਣਾ ਕੇ ਹੀ ਜਿੱਤਿਆ ਜਾ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਹਰ ਵਿਅਕਤੀ ਨੂੰ ਸਿਹਤ ਵਿਭਾਗ ਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਆਪਣੇ ਪਰਿਵਾਰ ਤੇ ਸਮਾਜ ਦੀ ਸੁਰੱਖਿਆ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

ਇਸ ਟੀਮ ਵਿੱਚ ਹੈਲਥ ਇੰਸਪੈਕਟਰ ਸਤਿਆਪਾਲ ਬੈਂਸ, ਐਮ.ਪੀ.ਐਚ. ਡਬਲਯੂ. ਸਤਨਾਮ ਸਿੰਘ, ਮਨਪ੍ਰੀਤ ਸਿੰਘ ਤੇ ਏ.ਐਨ.ਐਮ. ਪਰਮਿੰਦਰ ਕੌਰ ਸ਼ਾਮਲ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਤੋਂ ਬਚਾਅ ਲਈ ਸੈਨੇਟਾਈਜੇਸ਼ਨ ਮੁਹਿੰਮ ਜ਼ੋਰਾਂ 'ਤ

ਲੋਕਾਂ ਨੂੰ ਵੱਧ ਤੋਂ ਵੱਧ ਸਾਫ਼ ਸਫ਼ਾਈ ਰੱਖਣ ਦੀ ਅਪੀਲ

ਕੂੜੇ ਦੀ ਡੋਰ ਟੂ ਡੋਰ ਕੁਲੈਕਸ਼ਨ ਵੀ ਲਗਾਤਾਰ ਜਾਰੀ

ਫ਼ਤਹਿਗੜ੍ਹ ਸਾਹਿਬ, 14 ਅਪ੍ਰੈਲ :

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਸੈਨੇਟਾਈਜੇਸ਼ਨ ਮੁਹਿੰਮ ਜ਼ੋਰਾਂ 'ਤੇ ਚੱਲ ਰਹੀ ਹੈ ਅਤੇ ਇਸ ਮੁਹਿੰਮ ਵਿੱਚ ਨਗਰ ਕੌਂਸਲਾਂ ਦੇ ਕਰਮਚਾਰੀਆਂ ਸਮੇਤ ਵੱਖ-ਵੱਖ ਜਥੇਬੰਦੀਆਂ ਵੱਲੋਂ ਵੱਧ ਚੜ੍ਹ ਕੇ ਯੋਗਦਾਨ ਪਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਲੋੜੀਂਦਾ ਕਦਮ ਚੁੱਕਿਆ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ਹਿਰਾਂ ਵਿੱਚ ਵਿਸ਼ੇਸ਼ ਸਫਾਈ ਮੁਹਿੰਮ ਚਲਾਉਣ ਦੇ ਨਾਲ ਨਾਲ ਸ਼ਹਿਰਾਂ ਵਿੱਚ ਉਚੇਚੇ ਤੌਰ 'ਤੇ ਛਿੜਕਾਅ ਕਰ ਕੇ ਸੈਨੇਟਾਈਜ਼ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਨਾਲ ਸਫਾਈ ਦਾ ਕੰਮ ਵੀ ਜੰਗੀ ਪੱਧਰ ਉਤੇ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਫ਼ਾਈ ਕਰਚਾਰੀਆਂ ਨੂੰ ਸੈਨੇਟਾਈਜ਼ਰ ਵੀ ਮੁਹੱਈਆ ਕਰਵਾਏ ਗਏ ਹਨ। ਇਸ ਦੇ ਨਾਲ ਹੀ ਕੂੜੇ ਦੀ ਡੋਰ ਟੂ ਡੋਰ ਕੁਲੈਕਸ਼ਨ ਵੀ ਲਗਾਤਾਰ ਚੱਲ ਰਹੀ ਹੈ।ਸ੍ਰੀਮਤੀ ਗਿੱਲ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਵੱਖ-ਵੱਖ ਸੰਚਾਰ ਸਾਧਨਾਂ ਰਾਹੀਂ ਲੋਕਾਂ ਨੂੰ ਵੱਧ ਤੋਂ ਵੱਧ ਸਾਫ ਸਫਾਈ ਰੱਖਣ ਲਈ ਪ੍ਰੇਰਤ ਕੀਤਾ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਪ੍ਰਸ਼ਾਸਨ ਵੱਲੋਂ ਕੋਰੋਨਾ ਵਾਇਰਸ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਜ਼ਿਲ੍ਹਾ ਵਾਸੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕਣਕ ਦੀ ਖਰੀਦ ਨਾਲ ਜੁੜੇ ਵਿਅਕਤੀਆਂ ਨੂੰ ਕਰਫਿਊ ਪਾਸ ਜਾਰੀ ਕਰਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਾਈਆਂ

ਜ਼ਿਲ੍ਹਾ ਮੰਡੀ ਅਫਸਰ, ਡੀ.ਐਫ.ਐਸ.ਸੀ. ਤੇ ਸਕੱਤਰ ਮਾਰਕਿਟ ਕਮੇਟੀ ਜਾਰੀ ਕਰਨਗੇ ਕਰਫਿਊ ਪਾਸ

ਫ਼ਤਹਿਗੜ੍ਹ ਸਾਹਿਬ, 14 ਅਪ੍ਰੈਲ :

ਨੋਵੇਲ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਗਏ ਕਰਫਿਊ ਦੌਰਾਨ ਕਣਕ ਦੇ ਖਰੀਦ ਸੀਜਨ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਜ਼ਿਲ੍ਹੇ ਵਿਚਲੇ ਆੜਤੀਆਂ, ਆੜਤੀਆਂ ਨਾਲ ਜੁੜੇ ਮੁਲਾਜ਼ਮਾਂ, ਲੇਬਰ, ਲਿਫਟਿੰਗ ਦੇ ਕੰਮ ਵਿੱਚ ਲੱਗੇ ਟਰੱਕ ਚਾਲਕਾਂ ਅਤੇ ਲਿਫਟਿੰਗ ਦਾ ਕੰਮ ਕਰ ਰਹੀ ਲੇਬਰ ਨੂੰ ਪਾਸ ਜਾਰੀ ਕਰਨ ਲਈ ਜ਼ਿਲ੍ਹਾ ਮੰਡੀ ਅਫਸਰ, ਜ਼ਿਲ੍ਹਾ ਕੰਟਰੋਲਰ ਖੁਰਾਕ ਤੇ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਅਤੇ ਸਕੱਤਰ ਮਾਰਕੀਟ ਕਮੇਟੀ ਸਰਹਿੰਦ, ਅਮਲੋਹ, ਖਮਾਣੋਂ, ਬਸੀ ਪਠਾਣਾਂ ਤੇ ਚਨਾਰਥਲ ਕਲਾਂ ਨੂੰ ਅਧਿਕਾਰ ਦਿੱਤੇ ਗਏ ਹਨ।

ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਇਹ ਵੀ ਹਦਾਇਤ ਕੀਤੀ ਹੈ ਕਿ ਇਹ ਅਧਿਕਾਰੀ ਜਾਰੀ ਕੀਤੇ ਪਾਸਾਂ ਦਾ ਪੂਰਾ ਰਿਕਾਰਡ ਆਪਣੇ ਕੋਲ ਰੱਖਣਗੇ ਅਤੇ ਰੋਜ਼ਾਨਾਂ ਸ਼ਾਮ 05:00 ਵਜੇ ਤੱਕ ਜਾਰੀ ਕੀਤੇ ਪਾਸਾਂ ਦੀ ਸੂਚਨਾਂ ਜ਼ਿਲ੍ਹਾ ਮੈਜਿਸਟਰੇਟ ਦੇ ਦਫ਼ਤਰ ਵਿਖੇ ਭੇਜਣਗੇ। ਇਹ ਅਧਿਕਾਰੀ ਇਹ ਵੀ ਯਕੀਨੀ ਬਣਾਉਣਗੇ ਕਿ ਇਹ ਪਾਸ ਸਿਰਫ ਅਤੇ ਸਿਰਫ ਉਕਤ ਕਾਰਜ/ਕਣਕ ਦੇ ਖਰੀਦ ਸੀਜ਼ਨ 2020 ਨਾਲ ਜੁੜੇ ਵਿਅਕਤੀਆਂ ਨੂੰ ਹੀ ਜਾਰੀ ਕੀਤੇ ਜਾਣ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਭਾਰਤੀ ਸਮਾਜ ਦੇ ਵਿਕਾਸ ਵਿੱਚ ਡਾ. ਬੀ.ਆਰ.ਅੰਬੇਡਕਰ ਦਾ ਅਹਿਮ ਯੋਗਦਾਨ: ਗੇਜਾ ਰਾਮ

ਡਾ. ਅੰਬੇਡਕਰ ਨੇ ਲੋਕਤੰਤਰੀ ਕਦਰਾਂ ਕੀਮਤਾਂ ਨੂੰ ਲਾਗੂ ਕਰਨ ਲਈ ਉਚੇਚੇ ਯਤਨ ਕੀਤੇ

ਡਾ. ਬੀ.ਆਰ.ਅੰਬੇਡਕਰ ਨੂੰ 129 ਵੇਂ ਜਨਮ ਦਿਵਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਗੇਜਾ ਰਾਮ ਵੱਲੋਂ ਸ਼ਰਧਾ ਦੇ ਫੁੱਲ ਭੇਟ

ਕੋਰੋਨਾ ਵਾਇਰਸ ਤੋਂ ਬਚਾਅ ਲਈ ਲੋਕਾਂ ਨੂੰ ਘਰਾਂ ਵਿੱਚ ਹੀ ਰਹਿਣ ਦੀ ਅਪੀਲ

ਸੈਨੇਟਾਈਜ਼ੇਸ਼ਨ ਤੇ ਸਫਾਈ ਮੁਹਿੰਮ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾ ਰਹੇ ਸਫਾਈ ਕਰਮਚਾਰੀਆਂ ਦਾ ਸਨਮਾਨ

ਫ਼ਤਹਿਗੜ੍ਹ ਸਾਹਿਬ, 14 ਅਪਰੈਲ

ਡਾ. ਭੀਮ ਰਾਓ ਅੰਬੇਡਕਰ ਨੇ ਭਾਰਤੀ ਸਮਾਜ ਦੇ ਵਿਕਾਸ ਵਿੱਚ ਵਿਲੱਖਣ ਯੋਗਦਾਨ ਪਾਇਆ ਅਤੇ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਖੇਤਰ ਵਿੱਚ ਲੋਕਤੰਤਰੀ ਕਦਰਾਂ-ਕੀਮਤਾਂ ਦੇ ਸੰਕਲਪ ਨੂੰ ਲਾਗੂ ਕਰਨ ਲਈ ਉਚੇਚੇ ਯਤਨ ਕੀਤੇ। ਉਹ ਭਾਰਤੀ ਸੰਵਿਧਾਨ ਤਿਆਰ ਕਰਨ ਵਾਲੀ ਖਰੜਾ ਕਮੇਟੀ ਦੇ ਚੇਅਰਪਰਸਨ ਸਨ ਤੇ ਉਨ੍ਹਾਂ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਤਾ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਦਾ ਜੀਵਨ ਸਾਰਿਆਂ ਲਈ ਪ੍ਰੇਰਨਾ ਦਾ ਸਰੋਤ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਗੇਜਾ ਰਾਮ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਾ. ਭੀਮ ਰਾਓ ਅੰਬੇਡਕਰ ਦੇ 129 ਵੇਂ ਜਨਮ ਦਿਵਸ ਸਬੰਧੀ ਡਾ. ਅੰਬੇਡਕਰ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕੀਤਾ।

ਸ਼੍ਰੀ ਗੇਜਾ ਰਾਮ ਨੇ ਕਿਹਾ ਕਿ ਡਾ. ਅੰਬੇਡਕਰ ਨੇ ਜ਼ਿੰਦਗੀ ਦੀਆਂ ਮੁਸ਼ਕਲਾਂ ਦਾ ਡਟ ਕੇ ਮੁਕਾਬਲਾ ਕਰਦਿਆਂ ਉੱਚ ਵਿਦਿਆ ਹਾਸਲ ਕੀਤੀ। ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਨੌਜਵਾਨ ਪੀੜ੍ਹੀ ਵੱਖ-ਵੱਖ ਖੇਤਰਾਂ ਵਿੱਚ ਉੱਚੇ ਮੁਕਾਮ ਹਾਸਲ ਕਰ ਸਕਦੀ ਹੈ। ਡਾ. ਅੰਬੇਡਕਰ ਨੇ ਸਮਾਜਕ ਨਿਆਂ ਦੇ ਸਿਧਾਂਤ ਦਾ ਵਿਸ਼ਵ ਪੱਧਰ 'ਤੇ ਪ੍ਰਸਾਰ ਕੀਤਾ। 14 ਅਪਰੈਲ 1990 ਨੂੰ ਡਾ. ਅੰਬੇਡਕਰ ਨੂੰ ਭਾਰਤ ਦੇ ਸਰਬਉੱਚ ਨਾਗਰਿਕ ਸਨਮਾਨ ਭਾਰਤ ਰਤਨ ਨਾਲ ਨਿਵਾਜਿਆ ਗਿਆ। ਉਨ੍ਹਾਂ ਕਿਹਾ ਕਿ ਭਾਰਤੀ ਸਮਾਜ ਦੇ ਵਿਕਾਸ ਵਿੱਚ ਡਾ. ਅੰਬੇਡਕਰ ਵੱਲੋਂ ਪਾਏ ਯੋਗਦਾਨ ਲਈ ਉਨ੍ਹਾਂ ਨੂੰ ਸਦਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸੰਵਿਧਾਨ ਸਦਕਾ ਔਰਤਾਂ ਨੂੰ ਸਮਾਜ ਵਿੱਚ ਬਰਾਬਰਤਾ ਮਿਲੀ ਹੈ।

ਇਸ ਮੌਕੇ ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਨੇ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਚਲਾਈ ਜਾ ਰਹੀ ਸਫਾਈ ਤੇ ਸੈਨੇਟਾਈਜ਼ੇਸ਼ਨ ਮੁਹਿੰਮ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣ ਵਾਲੇ ਸਫਾਈ ਕਰਮਚਾਰੀਆਂ ਦਾ ਸਨਮਾਨ ਕੀਤਾ ਤੇ ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੋਰੋਨਾ ਤੋਂ ਬਚਾਅ ਲਈ ਘਰਾਂ ਵਿੱਚ ਹੀ ਰਹਿਣ।

ਇਸ ਮੌਕੇ ਸਹਾਇਕ ਕਮਿਸ਼ਨਰ (ਜਨਰਲ) ਸ਼੍ਰੀ ਜਸਪ੍ਰੀਤ ਸਿੰਘ, ਡੀ.ਐਸ.ਪੀ. ਰਮਿੰਦਰ ਸਿੰਘ ਕਾਹਲੋਂ, ਨਗਰ ਕੌਂਸਲ

ਸਰਹਿੰਦ ਫ਼ਤਹਿਗੜ੍ਹ ਸਾਹਿਬ ਦੇ ਕਾਰਜਸਾਧਕ ਅਫ਼ਸਰ ਗੁਰਪਾਲ ਸਿੰਘ, ਅਸ਼ੋਕ ਕੁਮਾਰ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਰਵਾਇਤੀ ਫ਼ਸਲੀ ਚੱਕਰ ਨੂੰ ਛੱਡ ਕੇ ਮੱਕੀ ਦੀ ਕਾਸ਼ਤ ਨੂੰ ਤਰਜੀਹ ਦੇਣ ਕਿਸਾਨ

ਝੋਨੇ ਦੀ ਫਸਲ ਦੇ ਸਮੇਂ ਵਿੱਚ ਹੀ ਬੀਜੀ ਜਾ ਸਕਦੀ ਹੈ ਚਾਰੇ ਵਾਲੀ ਮੱਕੀ

ਫ਼ਤਹਿਗੜ੍ਹ ਸਾਹਿਬ, 14 ਅਪ੍ਰੈਲ :

ਮੁੱਖ ਖੇਤੀਬਾੜੀ ਅਫਸਰ ਡਾ. ਇੰਦਰਪਾਲ ਸਿੰਘ ਸੰਧੂ ਨੇ ਦੱਸਿਆ ਕਿ ਕਿਸਾਨ ਵਧੇਰੇ ਮੁਨਾਫਾ ਲੈਣ ਲਈ ਝੋਨੇ ਦੀ ਫਸਲ ਹੇਠੋਂ ਰਕਬਾ ਘਟਾ ਕੇ ਪਕਾਵੀਂ ਮੱਕੀ ਦੀ ਫਸਲ ਦੀ ਬਿਜਾਈ ਕਰ ਸਕਦੇ ਹਨ ਅਤੇ ਜੇਕਰ ਕਿਸਾਨ ਚਾਰੇ ਵਾਲੀ ਮੱਕੀ ਦੀ ਫਸਲ ਦੀ ਬਿਜਾਈ ਕਰਨੀ ਚਾਹੁੰਦੇ ਹਨ ਤਾਂ ਝੋਨੇ ਦੀ ਫਸਲ ਦੇ ਸਮੇਂ ਵਿੱਚ ਹੀ ਚਾਰੇ ਵਾਲੀ ਮੱਕੀ ਬੀਜੀ ਜਾ ਸਕਦੀ ਹੈ। ਡਾ. ਸੰਧੂ ਨੇ ਦੱਸਿਆ ਕਿ ਕਿਸਾਨ ਆਪਣੀ ਮੱਕੀ ਚਾਰੇ ਦੀ ਫਸਲ ਸਾਈਲੇਜ ਪਲਾਂਟਾਂ ਵਿੱਚ ਵੇਚ ਕੇ ਵੱਧ ਆਮਦਨ ਲੈ ਸਕਦੇ ਹਨ।

ਡਾ. ਸੰਧੂ ਨੇ ਦੱਸਿਆ ਕਿ ਝੋਨੇ ਦੀ ਥਾਂ ਮੱਕੀ ਬੀਜਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਤਾਂ ਵਧੇਗੀ ਹੀ ਇਸ ਦੇ ਨਾਲ ਪਾਣੀ ਦੀ ਵੀ ਬੱਚਤ ਹੋਵੇਗੀ। ਮੱਕੀ ਚਾਰੇ ਤੋਂ ਸਾਈਲੇਜ ਤਿਆਰ ਕਰਨ ਨਾਲ ਪਸ਼ੂਆਂ ਨੂੰ ਸੰਤੁਲਿਤ ਖੁਰਾਕ ਮਿਲੇਗੀ, ਜਿਸ ਨਾਲ ਦੁੱਧ ਦੀ ਪੈਦਾਵਾਰ ਵਧੇਗੀ ਤੇ ਪਸ਼ੂ ਵੀ ਤੰਦਰੁਸਤ ਰਹਿਣਗੇ। ਉਨ੍ਹਾਂ ਦੱਸਿਆ ਕਿ ਚਾਰੇ ਵਾਲੀ ਮੱਕੀ ਦੀ ਪਹਿਲੀ ਫਸਲ ਇੱਕ ਜੂਨ ਅਤੇ ਦੂਜੀ ਫਸਲ ਦੀ ਬਿਜਾਈ ਅਗਸਤ ਦੇ ਦੂਜੇ ਪੰਦਰਵਾੜੇ ਤੋਂ ਕੀਤੀ ਜਾ ਸਕਦੀ ਹੈ। ਇਸ ਤਰ੍ਹਾਂ ਕਿਸਾਨ ਝੋਨੇ ਦੀ ਫਸਲ ਦੇ ਸਮੇਂ ਵਿੱਚ ਹੀ ਚਾਰੇ ਵਾਲੀ ਮੱਕੀ ਦੀਆਂ ਦੋ ਫਸਲਾਂ ਬੀਜ ਸਕਦੇ ਹਨ।

ਡਾ. ਸੰਧੂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਤੇ ਕਣਕ ਦੇ ਰਵਾਇਤੀ ਚੱਕਰ ਨੂੰ ਛੱਡ ਕੇ ਫਸਲੀ ਵਿਭਿੰਨਤਾ ਅਪਣਾਉਣ ਅਤੇ ਝੋਨੇ ਦੀ ਜਗ੍ਹਾ ਪਕਾਵੀਂ ਮੱਕੀ ਜਾਂ ਚਾਰੇ ਵਾਲੀ ਮੱਕੀ ਦੀ ਫਸਲ ਦੀ ਬਿਜਾਈ ਕਰਕੇ ਆਪਣੇ ਆਮਦਨ ਵਧਾਉਣ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਰਹਿਤ ਕਰਨ ਵਿੱਚ ਆਪਣਾ ਯੋਗਦਾਨ ਪਾਉਣ।